*

# ਪੰਜਾਬ ਵਿਧਾਨ ਸਭਾ ਸਕੱਤਰੇਤ

ਮੰਗਲਵਾਰ, ਮਿਤੀ 28 ਜੂਨ, 2022 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ
ਦੀ ਬਾਅਦ ਦੁਪਹਿਰ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।

**ਹਲਕਾ ਗੜ੍ਹਸ਼ੰਕਰ ਦੇ ਸਰਕਾਰੀ ਸਕੂਲਾਂ ਦੀਆਂ ਮੰਨਜੂਰਸ਼ੁਦਾ ਅਸਾਮੀਆਂ**

*292. **ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ, ਐਮ.ਐਲ.ਏ.:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਗੜ੍ਹਸ਼ੰਕਰ ਵਿੱਚ ਕਿੰਨੇ ਸਰਕਾਰੀ ਐਲੀਮੈਂਟਰੀ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਹਨ ਅਤੇ ਇਹਨਾਂ ਵਿੱਚ ਕਿੰਨੀਆਂ ਮੰਨਜੂਰਸ਼ੁਦਾ ਅਸਾਮੀਆਂ ਹਨ; ਇਹਨਾਂ ਵਿੱਚੋਂ ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਖਾਲੀ ਪਈਆਂ ਅਸਾਮੀਆਂ ਨੂੰ ਕਦੋਂ ਤੱਕ ਭਰ ਦਿੱਤਾ ਜਾਵੇਗਾ?

**ਪਿੰਡ ਮਦਨੀਪੁਰ ਤਹਿਸੀਲ ਪਾਇਲ ਵਿਖੇ ਉਦਯੋਗ ਲਗਾਉਣਾ**

*8. **ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿੰਡ ਮਦਨੀਪੁਰ ਤਹਿਸੀਲ ਪਾਇਲ, ਲੁਧਿਆਣਾ ਸਥਿਤ ਫੋਕਲ ਪੁਆਇੰਟ ਖੰਡਰ ਹੋਏ ਪਏ ਹਨ ਜਿਸ ਤੇ ਕਰੋੜਾਂ ਰੁਪਏ ਖਰਚੇ ਗਏ; ਜੇਕਰ ਅਜਿਹਾ ਹੋਵੇ ਤਾਂ ਕੀ ਇੱਥੇ ਖੇਤੀ ਨਾਲ ਸਬੰਧਤ (ਫੂਡ ਪ੍ਰੋਸੈਸਿੰਗ) ਉਦਯੋਗ ਲਗਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ?

**ਸਤਲੁਜ ਦਰਿਆ ਦੇ ਕੰਢੇ ਪੈਂਦੇ ਪਿੰਡਾਂ ਦੇ ਨਾਲ ਬੰਨ ਬਣਾਉਣਾ**

*331. **ਸ਼੍ਰੀ ਨਰਿੰਦਰ ਪਾਲ ਸਿੰਘ ਸਵਨਾ, ਐਮ.ਐਲ.ਏ.:-** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਫਾਜਿਲਕਾ ਵਿਖੇ ਸਤਲੁਜ ਦਰਿਆ ਦੇ ਕੰਢੇ ਪੈਂਦੇ ਪਿੰਡਾਂ (ਸ਼ਾਹ ਹਿਠਾੜ, ਢਾਣੀ ਸੱਦਾ ਸਿੰਘ, ਰੇਤੇ ਵਾਲੀ ਭੈਣੀ, ਗੱਟੀ ਨੰ.1, ਝੰਗੜ ਭੈਣੀ, ਰਾਮ ਸਿੰਘ ਭੈਣੀ, ਮਹਾਤਮ ਨਗਰ, ਦੋਨਾ ਨਾਨਕਾ, ਤੇਜਾ ਰੋਹੇਲਾ, ਚੱਕ ਰੋਹੇਲਾ, ਮੋਹਾਰ ਜਮਸ਼ੇਰ) ਦੇ ਨਾਲ ਜੋ ਬੰਨ ਬਣੇ ਹੋਏ ਹਨ ਉਨ੍ਹਾਂ ਦੇ ਦੂਸਰੇ ਪਾਸੇ ਬੰਨ ਜਾਂ ਸਟੱਡ ਲਾ ਕੇ ਬੰਨ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਬਟਾਲਾ ਦੇ ਸਿਵਲ ਹਸਪਤਾਲ ਨੂੰ ਆਧੁਨਿਕ ਸਿਹਤ ਸਹੂਲਤਾਂ ਦੇਣਾ**

*284. **ਸ਼੍ਰੀ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਬਟਾਲਾ ਦੇ ਸਿਵਲ ਹਸਪਤਾਲ ਨੂੰ ਆਧੁਨਿਕ ਸਿਹਤ ਸਹੂਲਤਾਂ ਵਾਲੇ 500 ਬੈਡਾਂ ਵਾਲਾ ਹਸਪਤਾਲ ਬਣਾਉਣ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

**ਹਲਕਾ ਸਨੌਰ ਵਿਖੇ ਸ਼ੂਗਰ ਮਿੱਲ ਲਗਾਉਣਾ**

*221. **ਸਰਦਾਰ ਹਰਮੀਤ ਸਿੰਘ ਪਠਾਣਮਾਜਰਾ, ਐਮ.ਐਲ.ਏ.:-** ਕੀ ਸਹਿਕਾਰਤਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਦੇ ਵਿਚਾਰ ਅਧੀਨ ਹਲਕਾ ਸਨੌਰ ਵਿਖੇ ਸ਼ੂਗਰ ਮਿੱਲ ਲਗਾਉਣ ਬਾਰੇ ਕੋਈ ਤਜਵੀਜ਼ ਹੈ; ਜੇਕਰ ਹਾਂ ਤਾਂ ਕਦੋਂ ਤੱਕ ਵੇਰਵੇ ਦਿੱਤੇ ਜਾਣ?

**ਮਾਰਚ 2021 ਤੋਂ ਮਿਤੀ ਅੰਤ ਤੱਕ ਪੰਜਾਬ ਦੇ ਆਂਗਨਵਾੜੀ ਕੇਂਦਰਾਂ, ਵਰਕਰਾਂ ਅਤੇ ਹੈਲਪਰਾਂ ਦੇ ਵੇਰਵੇ**

*149. **ਸ਼੍ਰੀ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ.:-** ਕੀ ਸਮਾਜਿਕ ਸੁਰੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਵਿੱਚ ਮਾਰਚ, 2021 ਤੋਂ ਮਿਤੀ ਅੰਤ ਤੱਕ ਕੁੱਲ ਕਿੰਨੇ ਆਂਗਣਵਾੜੀ, ਵਰਕਰ ਅਤੇ ਹੈਲਪਰ ਭਰਤੀ ਕੀਤੇ ਗਏ; ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਪੰਜਾਬ ਵਿੱਚ ਮੌਜੂਦਾ ਸਮੇਂ ਚਲ ਰਹੇ ਆਂਗਣਵਾੜੀ ਕੇਂਦਰਾਂ ਦੀ ਜ਼ਿਲ੍ਹਾ-ਵਾਰ ਕੁੱਲ ਗਿਣਤੀ ਕਿੰਨੀ ਹੈ;

ਅ) ਉਪਰੋਕਤ ਆਂਗਣਵਾੜੀ ਕੇਂਦਰਾਂ ਵਿੱਚ ਤੈਨਾਤ ਵਰਕਰਾਂ ਅਤੇ ਹੈਲਪਰਾਂ ਨੂੰ ਪ੍ਰਤੀ ਮਹੀਨਾ ਵੱਖ-ਵੱਖ ਕਿੰਨੀ ਤਨਖਾਹ/ਭੱਤੇ ਦਿੱਤੇ ਜਾਂਦੇ ਹਨ ਅਤੇ ਕੀ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਦੀਆਂ ਤਨਖਾਹਾਂ ਅਤੇ ਭੱਤਿਆਂ ਵਿੱਚ ਹੋਰ ਵਾਧਾ ਕਰਨ ਲਈ ਸਰਕਾਰ ਦੀ ਕੋਈ ਯੋਜਨਾ ਹੈ;

ੲ) ਕੀ ਇਸ ਸਮੇਂ ਦੌਰਾਨ ਕੋਈ ਆਂਗਣਵਾੜੀ ਕੇਂਦਰ ਬੰਦ ਕੀਤੇ ਗਏ ਹਨ?

**ਡੇਰਾਬੱਸੀ ਦੇ ਪਿੰਡ ਭਾਂਖਰਪੁਰ ਸੜਕ ਤੇ ਕੋਈ ਸਬ-ਵੇਅ ਜਾਂ ਰਸਤਾ ਬਣਾਉਣਾ**

*200. **ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਡੇਰਾਬੱਸੀ ਦੇ ਪਿੰਡ ਭਾਂਖਰਪੁਰ ਵੱਲੋਂ ਸੜਕ ਪਾਰ ਕਰਨ ਸਮੇਂ ਹਰ ਰੋਜ਼ ਹੋ ਰਹੀਆਂ ਸੜਕੀ ਦੁਰਘਟਨਾਵਾਂ ਵਾਪਰਨ ਤੇ ਕੰਟਰੋਲ ਕਰਨ ਲਈ ਸਬ-ਵੇਅ ਜਾਂ ਰਸਤਾ/ਲਾਂਘਾ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਹ ਕਦੋਂ ਤੱਕ ਬਣਾ ਦਿੱਤਾ ਜਾਵੇਗਾ?

**ਜੰਗਲਾਤ ਵਿਭਾਗ ਦੀ ਰਿਜ਼ਰਵ ਜ਼ਮੀਨ ਨੂੰ ਗੈਰ ਰਾਖਵੀਂ ਦਿਖਾ ਕੇ ਮਹਿਕਮੇ ਨੂੰ ਵੇਚਣਾ**

*264. **ਸ਼੍ਰੀ ਦਿਨੇਸ਼ ਚੱਢਾ, ਐਮ.ਐਲ.ਏ.:-** ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਰੋਪੜ ਜ਼ਿਲ੍ਹੇ ਵਿੱਚ ਪਿਛਲੇ ਸਮੇਂ ਕੁਝ ਲੋਕਾਂ ਵੱਲੋਂ ਜੰਗਲਾਤ ਵਿਭਾਗ ਦੀ ਦਫਾ 4 ਅਤੇ 5 ਅਧੀਨ ਰਿਜ਼ਰਵ ਜ਼ਮੀਨ ਨੂੰ ਹੀ ਗੈਰ ਰਾਖਵੀਂ ਦਿਖਾ ਕੇ ਮਹਿਕਮੇ ਨੂੰ ਵੇਚ ਦਿੱਤਾ ਗਿਆ ਸੀ; ਜੇਕਰ ਹਾਂ ਤਾਂ ਕੀ ਇਸ ਮਾਮਲੇ ਵਿੱਚ ਕੋਈ ਵਿਭਾਗੀ ਅਤੇ ਫੌਜਦਾਰੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

**ਹਲਕਾ ਭਦੌੜ ਵਿੱਚ ਸਰਵਪੱਖੀ ਸਟੇਡੀਅਮ ਬਣਾਉਣਾ**

*325. **ਸਰਦਾਰ ਲਾਭ ਸਿੰਘ ਉਗੋਕੇ, ਐਮ.ਐਲ.ਏ.:-** ਕੀ ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਭਦੌੜ ਵਿੱਚ ਕੋਈ ਵੀ ਸਰਵਪੱਖੀ ਸਟੇਡੀਅਮ ਨਹੀਂ ਹੈ; ਜੇਕਰ ਅਜਿਹਾ ਹੋਵੇ ਤਾਂ ਇਹ ਕਦੋਂ ਤੱਕ ਬਣਾ ਦਿੱਤਾ ਜਾਵੇਗਾ?

**ਫਿਲੌਰ ਅਤੇ ਰੁੜਕਾਂ ਕਲਾਂ ਦੇ ਪਿੰਡਾਂ ਵਿੱਚ ਜਲ ਨਿਕਾਸੀ ਅਤੇ ਸੀਵਰੇਜ ਸਿਸਟਮ ਦੇ ਪ੍ਰਬੰਧ ਕਰਨਾ**

*184. **ਸ਼੍ਰੀ ਵਿਕਰਮਜੀਤ ਸਿੰਘ ਚੌਧਰੀ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਵਿਧਾਨ ਸਭਾ ਹਲਕਾ ਫਿਲੌਰ ਵਿੱਚ ਪੈਂਦੇ ਬਲਾਕ ਫਿਲੌਰ ਅਤੇ ਰੁੜਕਾਂ ਕਲਾਂ ਦੇ ਪਿੰਡਾਂ ਦੀ ਗਿਣਤੀ ਕਿੰਨੀ ਹੈ ਜਿੱਥੇ ਕਿ ਉਚਿਤ ਜਲ ਨਿਕਾਸੀ ਅਤੇ ਸੀਵਰੇਜ ਸਿਸਟਮ ਨਹੀਂ ਹਨ;

ਅ) ਸਰਕਾਰ ਵੱਲੋਂ ਉਪਰੋਕਤ ਪਿੰਡਾਂ ਵਿੱਚ ਜਲ ਨਿਕਾਸ ਅਤੇ ਸੀਵਰੇਜ ਸਿਸਟਮ ਪਾਉਣ ਲਈ ਕੀ-ਕੀ ਕਦਮ ਚੁੱਕੇ ਗਏ/ਚੁੱਕੇ ਜਾਣੇ ਹਨ?

**ਅਬੋਹਰ ਵਿਖੇ ਬੱਸ ਸਟੈਂਡ ਦਾ ਨਵੀਨੀਕਰਨ ਕਰਨਾ**

*54. **ਸ਼੍ਰੀ ਸੰਦੀਪ ਜਾਖੜ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਬੱਸ ਸਟੈਂਡ ਅਬੋਹਰ ਦੇ ਨਵੀਨੀਕਰਨ ਦੀ ਮੌਜੂਦਾ ਸਥਿਤੀ ਕੀ ਹੈ ਅਤੇ ਇਸ ਨੂੰ ਕਦੋਂ ਤੱਕ ਮੁਕੰਮਲ ਕੀਤੇ ਜਾਣ ਦੀ ਸੰਭਾਵਨਾ ਹੈ?

ਪਰਤੋਂ ਜੀ....

**ਸਾਲ 2004 ਤੋਂ ਬਾਅਦ ਭਰਤੀ ਹੋਏ ਮੁਲਾਜਮਾਂ ਨੂੰ ਪੈਨਸ਼ਨ ਦੇਣਾ**

*42. 1. ਸਰਦਾਰ ਕਰਮਬੀਰ ਸਿੰਘ, ਐਮ.ਐਲ.ਏ.)
2. ਡਾਕਟਰ ਚਰਨਜੀਤ ਸਿੰਘ, ਐਮ.ਐਲ.ਏ.):- ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਜਨਵਰੀ, 2004 ਤੋਂ ਬਾਅਦ ਭਰਤੀ ਹੋਣ ਵਾਲੇ ਸਰਕਾਰ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਸੇਵਾ ਮੁਕਤ ਹੋਣ ਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਪੁਰਾਣੀ ਪ੍ਰਥਾ ਅਨੁਸਾਰ ਪੈਨਸ਼ਨ ਨਹੀਂ ਦਿੱਤੀ ਜਾਂਦੀ ਹੈ;

ਅ) ਜੇਕਰ ਉਪਰੋਕਤ ਭਾਗ 'ੳ' ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ, ਤਾਂ ਇਹ ਕਦੋਂ ਤੱਕ ਲਾਗੂ ਕਰ ਦਿੱਤੀ ਜਾਵੇਗੀ?

**ਪੋਸਟ ਮੈਟ੍ਰਿਕ ਸਕਾਲਰਸ਼ਿਪ ਦੀ ਰਾਸ਼ੀ ਦੇ ਵੇਰਵੇ**

*228. ਡਾ. ਨੱਛਤਰ ਪਾਲ, ਐਮ.ਐਲ.ਏ.:- ਕੀ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਪੰਜਾਬ ਦੇ ਵਿੱਦਿਅਕ ਅਦਾਰਿਆਂ ਅਤੇ ਯੂਨੀਵਰਸਿਟੀਆਂ ਨੂੰ ਕਾਫ਼ੀ ਸਮੇਂ ਤੋਂ ਬੀ.ਸੀ/ਓ.ਬੀ.ਸੀ. ਅਤੇ ਐਸ.ਸੀ/ਐਸ.ਟੀ ਵਿਦਿਆਰਥੀਆਂ ਨਾਲ ਸਬੰਧਤ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਬਣਦਾ ਪੈਸਾ ਜਾਰੀ ਨਹੀਂ ਕੀਤਾ ਗਿਆ;

ਅ) ਕੀ ਇਹ ਵੀ ਠੀਕ ਹੈ ਕਿ ਉਪਰੋਕਤ ਭਾਗ (ੳ) ਵਿੱਚ ਵਰਣਿਤ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜਾਈ ਪੂਰੀ ਹੋਣ ਉਪਰੰਤ ਵੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਰਾਸ਼ੀ ਜਾਰੀ ਨਾ ਹੋਣ ਕਰਕੇ ਵਿੱਦਿਅਕ ਅਦਾਰਿਆਂ ਅਤੇ ਯੂਨੀਵਰਸਿਟੀਆਂ ਵੱਲੋਂ ਬਹੁਤ ਲੰਬੇ ਸਮੇਂ ਤੋਂ ਡਿਗਰੀਆਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ;

ੲ) ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਕਿੰਨੀ ਰਾਸ਼ੀ ਪੈਂਡਿੰਗ ਪਈ ਹੈ ਅਤੇ ਇਸ ਨੂੰ ਕਦੋਂ ਤੱਕ ਜਾਰੀ ਕਰ ਦਿੱਤਾ ਜਾਵੇਗਾ;

ਸ) ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਕਿੰਨੀ ਰਾਸ਼ੀ ਸਰਕਾਰ ਵੱਲੋਂ ਬਕਾਇਆ ਹੈ ਅਤੇ ਕਦੋਂ ਤੱਕ ਜਾਰੀ ਕਰ ਦਿੱਤੀ ਜਾਵੇਗੀ?

**ਕਿਸਾਨਾਂ ਨੂੰ ਮੋਟਰਾਂ ਦੇ ਕੁਨੈਕਸ਼ਨ ਦੇਣਾ**

*254. ਸਰਦਾਰ ਮਨਜਿੰਦਰ ਸਿੰਘ ਲਾਲਪੁਰਾ, ਐਮ.ਐਲ.ਏ.:- ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਿੰਚਾਈ ਕਰਨ ਵਾਲੀਆਂ ਮੋਟਰਾਂ ਦੇ ਕੁਨੈਕਸ਼ਨਾਂ ਦੀ ਸਕਿਊਰਿਟੀ ਕਿਸਾਨਾਂ ਵੱਲੋਂ ਜਮ੍ਹਾਂ ਕਰਵਾਉਣ ਦੇ ਬਾਵਜੂਦ ਵੀ ਉਨ੍ਹਾਂ ਨੂੰ ਕੁਨੈਕਸ਼ਨ ਨਹੀਂ ਦਿੱਤੇ ਗਏ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਸਰਕਾਰ ਕਦੋਂ ਤੱਕ ਕਿਸਾਨਾਂ ਨੂੰ ਕੁਨੈਕਸ਼ਨ ਮੁਹੱਈਆ ਕਰਵਾ ਦੇਵੇਗੀ?

**ਹਲਕਾ ਖੇਮਕਰਨ ਵਿਖੇ ਨੌਜਵਾਨਾਂ ਲਈ ਸਪੋਰਟਸ ਕਾਲਜ਼/ਯੂਨੀਵਰਸਿਟੀ ਖੋਲ੍ਹਣਾ**

*12. ਸਰਦਾਰ ਸਰਵਨ ਸਿੰਘ ਧੁੰਨ, ਐਮ.ਐਲ.ਏ.:- ਕੀ ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਹਲਕਾ ਖੇਮਕਰਨ ਵਿੱਚ ਨੌਜਵਾਨਾਂ ਲਈ ਕੋਈ ਸਪੋਰਟਸ ਕਾਲਜ ਜਾਂ ਯੂਨੀਵਰਸਿਟੀ ਖੋਲ੍ਹਣ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

**ਹਲਕਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਹੱਲ ਕਰਨਾ**

*333. ਸਰਦਾਰ ਜਗਦੀਪ ਸਿੰਘ ਕਾਕਾ ਬਰਾੜ, ਐਮ.ਐਲ.ਏ.:- ਕੀ ਜਲ ਸਪਲਾਈ ਅਤ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸ਼੍ਰੀ ਮੁਕਤਸਰ ਸਾਹਿਬ ਵਿਖੇ ਵਾਟਰ ਵਰਕਸ ਦੁਆਰਾ ਪੀਣ ਵਾਲੇ ਪਾਣੀ ਦੀ ਸਪਲਾਈ ਲਈ ਸ਼ਹਿਰ ਵਿੱਚ ਜੋ ਪਾਈਪ ਲਾਈਨ ਪਾਈ ਹੋਈ ਹੈ ਉਹ ਬਹੁਤ ਪੁਰਾਣੀ ਹੋਣ ਕਾਰਨ ਉਸ ਵਿੱਚ ਸੀਵਰੇਜ਼ ਦਾ ਗੰਦਾ ਪਾਣੀ ਮਿਕਸ ਹੋ ਜਾਂਦਾ ਹੈ; ਜੇਕਰ ਅਜਿਹਾ ਹੈ ਤਾਂ ਕੀ ਲੋਕਾਂ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਰਾਜ ਦੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਪੂਰੀ ਕਰਨਾ**

*170. ਡਾ. ਰਾਜ ਕੁਮਾਰ ਚੱਬੇਵਾਲ, ਐਮ.ਐਲ.ਏ.:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਵਿੱਚ ਪ੍ਰਾਇਮਰੀ, ਐਲੀਮੈਂਟਰੀ ਅਤੇ ਹਾਈ ਸਕੂਲਾਂ ਵਿੱਚ ਸਰਕਾਰੀ ਅਧਿਆਪਕਾਂ ਦੀ ਘਾਟ ਹੈ; ਜੇਕਰ ਅਜਿਹਾ ਹੋਵੇ ਤਾਂ ਇਸਦੇ ਸ਼ੇਣੀ-ਵਾਰ ਵੇਰਵੇ ਕੀ ਹਨ ਅਤੇ ਇਸ ਘਾਟ ਨੂੰ ਪੂਰਾ ਕਰਨ ਲਈ ਸਰਕਾਰ ਦੁਆਰਾ ਕੀ ਕਦਮ ਚੁੱਕੇ ਜਾ ਰਹੇ ਹਨ?

**ਪਿੰਡ ਘਰਾਚੋਂ ਦੀ ਦੋ ਹਿੱਸਿਆਂ ਵਿੱਚ ਵੰਡੀ ਗਈ ਜ਼ਮੀਨ ਦੇ ਬਚੇ ਰਕਬੇ ਨੂੰ ਇੱਕ ਜਗ੍ਹਾ ਇੱਕਠਾ ਕਰਨਾ**

*241. ਬੀਬਾ ਨਰਿੰਦਰ ਕੌਰ ਭਰਾਜ, ਐਮ.ਐਲ.ਏ.:- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਹਲਕਾ ਸੰਗਰੂਰ ਦੇ ਪਿੰਡ ਘਰਾਚੋਂ ਦੀ ਸ਼ਾਮਲਾਤ ਜਮੀਨ ਵਿੱਚੋਂ ਲੰਘਦੀ ਹੋਈ ਡਰੇਨ **RD** 270000-320000 ਜ਼ਮੀਨ ਨੂੰ ਦੋ ਹਿੱਸਿਆਂ ਵਿੱਚ ਵੰਡਦੀ ਹੈ; ਜੇਕਰ ਹਾਂ ਤਾਂ ਜਮੀਨ ਦਾ ਕਿੰਨਾਂ ਰਕਬਾ ਜਮੀਨ ਡਰੇਨ ਦੇ ਦੂਸਰੇ ਪਾਸੇ ਰਹਿ ਗਿਆ ਹੈ;

ਅ) ਕੀ ਇਹ ਵੀ ਠੀਕ ਹੈ ਕਿ ਉਹ ਰਕਬਾ ਛੋਟੇ-ਛੋਟੇ ਟੁਕੜਿਆਂ ਵਿੱਚ ਬਚਿਆ ਹੈ ਤੇ ਉਹ ਜ਼ਮੀਨ ਸਿੰਚਾਈ ਯੋਗ ਨਹੀਂ ਰਹੀ; ਜੇਕਰ ਅਜਿਹਾ ਹੋਵੇ ਤਾਂ ਸਰਕਾਰ ਦੀ ਕੋਈ ਅਜਿਹੀ ਨੀਤੀ ਹੈ ਜਿਸ ਤਹਿਤ ਉਸ ਰਕਬੇ ਨੂੰ ਇੱਕ ਜਗ੍ਹਾ ਇਕੱਠਾ ਕੀਤਾ ਜਾ ਸਕੇ?

**ਜ਼ਿਲ੍ਹਾ ਮਾਨਸਾ ਦੀਆਂ ਪੇਂਡੂ ਡਿਸਪੈਂਸਰੀਆਂ ਦੀ ਉਸਾਰੀ**

*27. ਸਰਦਾਰ ਗੁਰਪ੍ਰੀਤ ਸਿੰਘ ਬਨਾਂਵਾਲੀ, ਐਮ.ਐਲ.ਏ.:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਜ਼ਿਲ੍ਹਾ ਮਾਨਸਾ ਦੀਆਂ ਪੇਂਡੂ ਡਿਸਪੈਂਸਰੀਆਂ ਦੀ ਹਾਲਤ ਬਹੁਤ ਖਸਤਾ ਹੈ ਅਤੇ ਹਰ ਵਕਤ ਕੋਈ ਭਿਆਨਕ ਹਾਦਸਾ ਵਾਪਰਨ ਦਾ ਡਰ ਰਹਿੰਦਾ ਹੈ; ਜੇਕਰ ਅਜਿਹਾ ਹੋਵੇ ਤਾਂ ਕਿੰਨੀਆਂ ਪੇਂਡੂ ਡਿਸਪੈਂਸਰੀਆਂ ਅਣਸੇਫ ਕਰਾਰ ਦਿੱਤੀਆਂ ਗਈਆਂ ਹਨ ਅਤੇ ਕਿੰਨੀਆਂ ਦੀ ਹਾਲਤ ਖਸਤਾ ਹੋਈ ਪਈ ਹੈ;

ਅ) ਕੀ ਸਰਕਾਰ ਇਹਨਾਂ ਪੇਂਡੂ ਡਿਸਪੈਂਸਰੀਆਂ ਦੀਆਂ ਬਿਲਡਿੰਗਾਂ ਦੀ ਉਸਾਰੀ ਲਈ ਕੋਈ ਫੰਡ ਜਾਰੀ ਕਰ ਰਹੀ ਹੈ; ਜੇਕਰ ਉੱਤਰ ਹਾਂ ਵਿੱਚ ਹੈ ਤਾਂ ਕਦੋਂ ਤੱਕ?

**ਹਲਕਾ ਸਮਾਣਾ ਦੇ ਪਿੰਡਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣਾ**

*29. ਸਰਦਾਰ ਚੇਤਨ ਸਿੰਘ ਜੋੜਾਮਾਜਰਾ, ਐਮ.ਐਲ.ਏ.:- ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸਮਾਣਾ ਵਿਖੇ ਜਮੀਨ ਹੇਠਲੇ ਪਾਣੀ ਦੇ ਬਹੁਤ ਹੇਠਾਂ ਜਾਣ ਕਾਰਨ ਪੈਦਾ ਹੋ ਰਹੀ ਗੰਭੀਰ ਸਥਿਤੀ ਦੇ ਮੱਦੇ ਨਜ਼ਰ ਸਮਾਣਾ ਦੇ ਪਿੰਡਾਂ ਨੂੰ ਨਹਿਰੀ ਪਾਣੀ ਸਪਲਾਈ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਤਜਵੀਜ਼ ਨੂੰ ਲਾਗੂ ਕਰਨ ਲਈ ਇਸ ਵਰ੍ਹੇ ਦੇ ਬਜਟ ਵਿੱਚ ਸਰਕਾਰ ਕੋਈ ਪ੍ਰਵੀਜ਼ਨ ਕਰੇਗੀ?

ਚੰਡੀਗੜ੍ਹ
ਮਿਤੀ 25 ਜੂਨ, 2022

ਸੁਰਿੰਦਰ ਪਾਲ,
ਸਕੱਤਰ,
ਪੰਜਾਬ ਵਿਧਾਨ ਸਭਾ।